# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 15-07-2024**

ਸੋਸ਼ਲ ਮੀਡੀਆ ਅਕਾਊਂਟ X 'ਤੇ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਫਾਲੋਅਰਜ਼ ਦੀ ਗਿਣਤੀ, 10 ਕਰੋੜ ਨੂੰ ਪਾਰ ਕਰ ਗਈ ਏ। ਇਸ ਸ਼ਾਨਦਾਰ ਪ੍ਰਾਪਤੀ ਵਿੱਚ, ਪਿਛਲੇ ਤਿੰਨ ਸਾਲਾਂ ਵਿੱਚ ਕੋਈ 3 ਕਰੋੜ ਫਾਲੋਅਰਜ਼ ਦਾ ਵਾਧਾ ਸ਼ਾਮਲ ਏ। ਪ੍ਰਧਾਨ ਮੰਤਰੀ ਮੋਦੀ ਨੂੰ ਅਹੁਦੇ 'ਤੇ ਰਹਿੰਦੇ ਹੋਏ, ਦੁਨੀਆ ਵਿੱਚ ਸਭ ਤੋਂ ਵੱਧ ਫਾਲੋਅਰਜ਼ ਹੋਣ ਦਾ ਸਿਹਰਾ ਜਾਂਦਾ ਏ। ਉਹ, ਅਮਰੀਕਾ ਦੇ ਰਾਸ਼ਟਰਪਤੀ ਜੋ ਬਾਇਡਨ ਸਮੇਤ ਦੁਨੀਆਂ ਦੇ ਹੋਰ ਨੇਤਾਵਾਂ ਤੋਂ ਬਹੁਤ ਅੱਗੇ ਪਹੁੰਚ ਗਏ ਨੇ। ਰਾਸ਼ਟਰਪਤੀ ਬਾਇਡਨ ਦੇ ਫਾਲੋਅਰਜ਼ ਦੀ ਗਿਣਤੀ 3 ਕਰੋੜ 81 ਲੱਖ ਏ। ਪ੍ਰਧਾਨ ਮੰਤਰੀ ਮੋਦੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਉਹ, ਇਸ ਸਰਗਰਮ ਮਾਧਿਅਮ ਨਾਲ ਜੁੜ ਕੇ ਬਹੁਤ ਖੁਸ਼ ਨੇ ਅਤੇ ਲੋਕਾਂ ਦੀਆਂ ਚਰਚਾਵਾਂ, ਉਸਾਰੂ ਆਲੋਚਨਾ, ਸੁਝਾਵਾਂ ਤੇ ਸ਼ੁਭ ਇਛਾਵਾਂ ਤੋਂ

ਪ੍ਰੇਰਨਾ ਲੈਂਦੇ ਨੇ । ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਸੋਸ਼ਲ ਮੀਡੀਆ ਅਕਾਊਂਟ ਐਕਸ 'ਤੇ 10 ਕਰੋੜ ਫਾਲੋਅਰਜ਼ ਦੀ ਗਿਣਤੀ ਪਾਰ ਕਰਨ ਦੀ ਸ਼ਾਨਦਾਰ ਉਪਲਬਧੀ 'ਤੇ ਵਧਾਈ ਦਿੱਤੀ ਏ ।

------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਏ, ਕਿ ਜ਼ਮੀਨ ਹੇਠਲੇ ਪਾਣੀ ਦੇ ਡਿੱਗਦੇ ਪੱਧਰ ਨੂੰ ਉੱਚਾ ਚੁੱਕਣ ਲਈ ਕਿਸਾਨ ਅਹਿਮ ਭੂਮਿਕਾ ਅਦਾ ਕਰ ਸਕਦੇ ਨੇ ਅਤੇ ਇਸ ਲਈ ਵੱਧ ਤੋਂ ਵੱਧ ਬੂਟੇ ਲਗਾਉਣ ਤੇ ਫਸਲਾਂ ਵਿੱਚ ਬਦਲਾਅ ਕਰਨ ਦੀ ਜ਼ਰੂਰਤ ਏ । ਪਠਾਨਕੋਟ ਵਿਖੇ ਟਰੱਕ ਯੂਨੀਅਨ ਵਲੋਂ ਕੱਲ ਲਗਾਏ ਗਏ, ਜਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਨੂੰ ਸੰਬੋਧਨ ਕਰਦਿਆਂ, ਉਨਾਂ ਕਿਹਾ ਕਿ ਅਜਿਹੇ ਕਿਸਾਨ ਮੇਲੇ ਸਮੇਂ ਦੀ ਜ਼ਰੂਰਤ ਨੇ, ਤਾਂ ਜੋ ਕਿਸਾਨ ਖੇਤੀ ਦੀਆਂ ਆਧੁਨਿਕ ਤਕਨੀਕਾਂ ਤੋਂ ਜਾਣੂ ਹੋ ਸਕਣ । ਉਨ੍ਹਾਂ ਕਿਹਾ ਕਿ ਨਵੀਂਆਂ ਤਕਨੀਕਾਂ ਦੀ ਵਰਤੋਂ ਨਾਲ ਕਿਸਾਨ ਜਿੱਥੇ ਵਧੇਰੇ ਮੁਨਾਫਾ ਕਮਾ ਸਕਦੇ ਨੇ ਉੱਥੇ ਵਾਤਾਵਰਣ ਨੂੰ ਸਾਫ ਰੱਖਣ ਵਿੱਚ ਵੀ ਸਹਾਈ ਹੋ ਸਕਦੇ ਨੇ ।

ਕਿਸਾਨ ਮੇਲੇ ਦੌਰਾਨ ਵੱਖ ਵੱਖ ਵਿਭਾਗਾਂ ਵੱਲੋਂ ਲਗਾਈਆਂ ਪ੍ਰਦਰਸਨੀਆਂ ਦਾ ਉਨ੍ਹਾਂ ਨਿਰੀਖਣ ਕੀਤਾ ਅਤੇ ਵਿਭਾਗੀ ਕਾਰਜਾਂ ਦੀ ਜਾਣਕਾਰੀ ਲਈ।

------------------------------------------------------------

NEET UG ਪੇਪਰ ਲੀਕ ਮਾਮਲੇ ਦੀ ਕੇਂਦਰੀ ਜਾਂਚ ਬਿਊਰੋ ਵਲੋਂ ਜਾਂਚ ਅਤੇ ਸਰਵਉੱਚ ਅਦਾਲਤ ਵਲੋਂ ਸੁਣਵਾਈ ਕੀਤੇ ਜਾਣ 'ਤੇ ਲੋਕ ਕਾਫੀ ਸੰਤੁਸ਼ਟ ਨੇ। ਜਗਰਾਓਂ ਤੋਂ ਪੰਜਾਬ ਸਿਖਿਆ ਵਿਭਾਗ ਦੇ ਸੇਵਾਮੁਕਤ ਡਿਪਟੀ ਡਾਇਰੈਕਟਰ, ਬਲਦੇਵ ਸਿੰਘ ਦਾ ਕਹਿਣਾ ਏ ਕਿ ਇਸ ਮਾਮਲੇ ਦੇ ਦੋਸ਼ੀਆਂ ਨੂੰ ਸਖਤ ਸਜ਼ਾ ਮਿਲਣੀ ਚਾਹੀਦੀ  ਏ।

------------------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਮਾਹਿਰਾਂ ਨੇ, ਗੁਲਾਬੀ ਸੁੰਡੀ ਦੇ ਸਰਵੇਖਣ ਦੌਰਾਨ, ਨਰਮੇ ਦੀ 60- 70 ਦਿਨ ਦੀ ਫਸਲ ਤੇ  ਕੁੱਝ ਖੇਤਾਂ ਵਿੱਚ ਇਸ ਦਾ ਹਮਲਾ ਫੁਲਾਂ 'ਤੇ ਪਾਇਆ ਏ ਜਦਕਿ ਛੋਟੀ ਉਮਰ ਵਾਲੇ ਜ਼ਿਆਦਾਤਰ ਖੇਤ ਗੁਲਾਬੀ ਸੁੰਡੀ ਦੇ ਹਮਲੇ ਤੋਂ ਰਹਿਤ ਨੇ। ਰਾਜਸਥਾਨ ਅਤੇ ਹਰਿਆਣਾ ਵਿੱਚ ਗੁਲਾਬੀ ਸੁੰਡੀ ਦਾ ਹਮਲਾ ਅਗੇਤਾ ਹੋ ਗਿਆ ਸੀ ਅਤੇ ਹੁਣ ਨਾਲ ਲੱਗਦੇ ਪੰਜਾਬ ਦੇ ਪਿੰਡਾਂ ਵਿੱਚ ਵੀ ਇਸ ਦਾ ਹਮਲਾ ਹੋ ਸਕਦਾ ਏ। ਮਾਹਿਰਾਂ ਨੇ ਕਿਸਾਨਾਂ ਨੂੰ ਬੇਨਤੀ ਕੀਤੀ ਏ, ਕਿ ਉਹ ਆਪਣੇ

ਖੇਤਾਂ ਦਾ ਹਰ ਹਫਤੇ ਲਗਾਤਾਰ ਸਰਵੇਖਣ ਕਰਦੇ ਰਹਿਣ ਅਤੇ ਜ਼ਰੂਰਤ ਮੁਤਾਬਿਕ ਕੀਟਨਾਸ਼ਕਾਂ ਦਾ ਛਿੜਕਾਅ ਕਰਕੇ ਰੋਕਥਾਮ ਕਰਨ।

---------------------------------------------------------------

ਕੇਂਦਰੀ ਸੰਚਾਰ ਮੰਤਰਾਲੇ ਤਹਿਤ ਦੂਰਸੰਚਾਰ ਵਿਭਾਗ ਨੇ, ਨਾਗਰਿਕਾਂ ਨੂੰ ਅਜਿਹੀਆਂ ਫਰਜ਼ੀ ਕਾਲਾਂ 'ਤੇ ਧਿਆਨ ਨਾ ਦੇਣ ਦੀ ਸਲਾਹ ਦਿੱਤੀ ਏ, ਜਿਸ ਵਿੱਚ ਕਾਲ ਕਰਨ ਵਾਲੇ ਮੋਬਾਈਲ ਨੰਬਰਾਂ ਨੂੰ ਕੱਟਣ ਦੀ ਧਮਕੀ ਦਿੰਦੇ ਨੇ। ਵਿਭਾਗ ਨੇ ਵਿਦੇਸ਼ੀ ਮੂਲ ਦੇ ਮੋਬਾਈਲ ਨੰਬਰਾਂ ਤੋਂ ਸਰਕਾਰੀ ਅਧਿਕਾਰੀਆਂ ਦੇ ਨਾਂ 'ਤੇ ਲੋਕਾਂ ਨੂੰ ਧੋਖਾ ਦੇਣ ਵਾਲੇ ਵਟਸਐਪ ਅੱਪ ਕਾਲਾਂ ਬਾਰੇ ਵੀ ਇੱਕ ਸਲਾਹ ਜਾਰੀ ਕੀਤੀ ਸੀ।

---------------------------------------------------------------

ਪੰਜਾਬ ਵਿੱਚ ਮਾਨਸੂਨ ਦੀ ਰਫ਼ਤਾਰ ਮੱਠੀ ਹੋਣ ਕਾਰਨ ਇੱਕ ਵਾਰ ਫਿਰ, ਗਰਮੀ ਨੇ ਜ਼ੋਰ ਫੜਨਾ ਸ਼ੁਰੂ ਕਰ ਦਿੱਤਾ ਏ। ਪਿਛਲੇ 24 ਘੰਟਿਆਂ ਦੌਰਾਨ, ਸੂਬੇ ਦੇ ਔਸਤ ਤਾਪਮਾਨ ਵਿੱਚ ਲਗਾਤਾਰ ਤੀਜੇ ਦਿਨ 1.1 ਡਿਗਰੀ ਸੈਲਸੀਅਸ ਤਕ ਦਾ ਵਾਧਾ ਹੋਇਆ ਏ, ਜਿਸ ਨਾਲ ਸੂਬੇ ਦਾ ਤਾਪਮਾਨ ਆਮ ਨਾਲੋਂ 1.6 ਡਿਗਰੀ ਵੱਧ ਏ। ਮੌਸਮ ਵਿਭਾਗ ਮੁਤਾਬਕ

ਲੋਕਾਂ ਨੂੰ ਅਗਲੇ ਦੋ ਦਿਨ ਹੋਰ. ਹੁੰਮਸ ਭਰੀ ਗਰਮੀ ਨਾਲ ਜੂਝਣਾ ਪਵੇਗਾ। ਮੌਸਮ ਵਿਭਾਗ ਅਨੁਸਾਰ 17 ਜੁਲਾਈ ਨੂੰ ਮੀਂਹ ਪੈਣ ਦੀ ਸੰਭਾਵਨਾ ਏ ਅਤੇ ਉਸ ਦਿਨ ਪਠਾਨਕੋਟ, ਅੰਮ੍ਰਿਤਸਰ, ਤਰਨਤਾਰਨ, ਗੁਰਦਾਸਪੁਰ, ਕਪੂਰਥਲਾ, ਹੁਸ਼ਿਆਰਪੁਰ, ਜਲੰਧਰ ਤੇ ਨਵਾਂਸ਼ਹਿਰ ਵਿੱਚ ਮੀਂਹ ਪੈ ਸਕਦਾ ਏ।